# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 05-09-2024**

ਭਾਰਤ ਅਤੇ ਸਿੰਗਾਪੁਰ ਨੇ ਸਿਹਤ ਅਤੇ ਦਵਾ ਖੇਤਰ, ਸਿੱਖਿਆ ਅਤੇ ਹੁਨਰ ਵਿਕਾਸ, ਡਿਜੀਟਲ ਤਕਨਾਲੋਜੀ ਅਤੇ ਭਾਰਤ-ਸਿੰਗਾਪੁਰ ਸੈਮੀਕੰਡਕਟਰ ਈਕੋਸਿਸਟਮ ਭਾਈਵਾਲੀ ਦੇ ਖੇਤਰ ਵਿੱਚ ਸਹਿਯੋਗ ਲਈ ਚਾਰ ਸਮਝੌਤਿਆਂ ਦਾ ਵਟਾਂਦਰਾ ਕੀਤਾ ਏ .ਦੋਵੇਂ ਦੇਸ਼ ਇੱਕ ਵਿਆਪਕ ਰਣਨੀਤਕ ਭਾਈਵਾਲੀ ਲਈ ਆਪਣੇ ਸਬੰਧਾਂ ਨੂੰ ਉੱਚਾ ਚੁੱਕਣ ਲਈ ਵੀ ਸਹਿਮਤ ਹੋਏ ਜੋ ਭਾਰਤ ਦੀ ਐਕਟ ਈਸਟ ਜਾਂ ਪੂਰਬ ਮੁਖੀ ਨੀਤੀ ਨੂੰ ਵੱਡਾ ਹੁਲਾਰਾ ਦੇਵੇਗਾ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਸਿੰਗਾਪੁਰ ਦੇ ਉਨ੍ਹਾਂ ਦੇ ਹਮਰੁਤਬਾ ਲਾਰੇਂਸ ਵੋਂਗ ਦਰਮਿਆਨ ਅੱਜ ਵਫ਼ਦ ਪੱਧਰ ਦੀ ਗੱਲਬਾਤ ਤੋਂ ਬਾਅਦ ਇਹ ਫ਼ੈਸਲਾ ਲਿਆ ਗਿਆ। ਸਿੰਗਾਪੁਰ ਵਿੱਚ ਹੋਈ ਗੱਲਬਾਤ ਦੌਰਾਨ ਦੋਵਾਂ ਆਗੂਆਂ ਨੇ ਦੁਵੱਲੇ ਸਬੰਧਾਂ ਦੀ ਪ੍ਰਗਤੀ ਦੀ ਸਮੀਖਿਆ ਕੀਤੀ। ਆਰਥਿਕ ਸਬੰਧਾਂ ਵਿੱਚ

ਮਜ਼ਬੂਤ ਪ੍ਰਗਤੀ ਦਾ ਜਾਇਜ਼ਾ ਲੈਂਦੇ ਹੋਏ, ਦੋਵਾਂ ਧਿਰਾਂ ਨੇ ਦੋਵਾਂ ਦੇਸ਼ਾਂ ਦਰਮਿਆਨ ਵਪਾਰ ਅਤੇ ਨਿਵੇਸ਼ ਦੇ ਪ੍ਰਵਾਹ ਨੂੰ ਹੋਰ ਵਧਾਉਣ ਦਾ ਸੱਦਾ ਦਿੱਤਾ। ਦੋਵਾਂ ਪ੍ਰਧਾਨ ਮੰਤਰੀਆਂ ਨੇ ਰੱਖਿਆ ਅਤੇ ਸੁਰੱਖਿਆ, ਸਮੁੰਦਰੀ ਖੇਤਰ ਦੀ ਜਾਗਰੂਕਤਾ, ਸਿੱਖਿਆ, ਏ-ਆਈ, ਫਿਨਟੈਕ, ਨਵੀਂ ਤਕਨਾਲੋਜੀ ਡੋਮੇਨ, ਵਿਗਿਆਨ ਅਤੇ ਤਕਨਾਲੋਜੀ ਅਤੇ ਗਿਆਨ ਸਾਂਝੇਦਾਰੀ ਦੇ ਖੇਤਰਾਂ ਵਿੱਚ ਮੌਜੂਦਾ ਸਹਿਯੋਗ ਦੀ ਵੀ ਸਮੀਖਿਆ ਕੀਤੀ।ਮੀਟਿੰਗ ਦੌਰਾਨ, ਨੇਤਾਵਾਂ ਨੇ ਭਾਰਤ - ਆਸੀਆਨ ਸਬੰਧਾਂ ਅਤੇ ਹਿੰਦ-ਪ੍ਰਸ਼ਾਂਤ ਲਈ ਭਾਰਤ ਦੇ ਦ੍ਰਿਸ਼ਟੀਕੋਣ ਸਮੇਤ ਆਪਸੀ ਹਿੱਤਾਂ ਦੇ ਅਹਿਮ ਖੇਤਰੀ ਅਤੇ ਗਲੋਬਲ ਮੁੱਦਿਆਂ 'ਤੇ ਵੀ ਵਿਚਾਰਾਂ ਦਾ ਆਦਾਨ-ਪ੍ਰਦਾਨ ਕੀਤਾ । ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਆਪਣੀ ਟਿੱਪਣੀ ਵਿੱਚ ਕਿਹਾ ਕਿ ਸਿੰਗਾਪੁਰ ਨਾ ਸਿਰਫ਼ ਇੱਕ ਭਾਈਵਾਲ ਦੇਸ਼ ਏ, ਸਗੋਂ ਹਰ ਵਿਕਾਸਸ਼ੀਲ ਦੇਸ਼ ਲਈ ਪ੍ਰੇਰਨਾ ਸਰੋਤ ਵੀ ਏ ।

BYTE-

ਬਾਅਦ ਵਿੱਚ ਪ੍ਰਧਾਨ ਮੰਤਰੀ ਮੋਦੀ ਅਤੇ ਉਨ੍ਹਾਂ ਦੇ ਸਿੰਗਾਪੁਰ ਦੇ ਹਮਰੁਤਬਾ ਨੇ ਸੈਮੀਕੰਡਕਟਰ ਅਤੇ ਇਲੈਕਟ੍ਰੋਨਿਕਸ ਖੇਤਰ ਵਿੱਚ ਇੱਕ

ਪ੍ਰਮੁੱਖ ਸਿੰਗਾਪੁਰ ਦੀ ਕੰਪਨੀ AEM ਹੋਲਡਿੰਗਜ਼ ਲਿਮਟਿਡ ਦਾ ਵੀ ਦੌਰਾ ਕੀਤਾ। ਪ੍ਰਧਾਨ ਮੰਤਰੀ ਮੋਦੀ ਅੱਜ ਸਿੰਗਾਪੁਰ ਦੇ ਰਾਸ਼ਟਰਪਤੀ ਥਰਮਨ ਸ਼ਨਮੁਗਰਤਨਮ ਅਤੇ ਕਈ ਹੋਰ ਪਤਵੰਤਿਆਂ ਨਾਲ ਵੀ ਮੁਲਾਕਾਤ ਕਰਨਗੇ। ਉਹ ਸਿੰਗਾਪੁਰ ਦੀਆਂ ਕੰਪਨੀਆਂ ਦੇ ਸੀਈਓਜ਼ ਨਾਲ ਵੀ ਮੀਟਿੰਗ ਕਰਨਗੇ। ਸ੍ਰੀ ਮੋਦੀ ਬਰੂਨੇਈ ਦੀ ਆਪਣੀ ਸਫ਼ਲ ਯਾਤਰਾ ਦੀ ਸਮਾਪਤੀ ਤੋਂ ਬਾਅਦ ਕੱਲ੍ਹ ਸ਼ੇਰਾਂ ਦੀ ਨਗਰੀ ਸਿੰਗਾਪੁਰ ਪੁੱਜੇ।

---

--------------------------------------------------------------------

ਅੱਜ ਦੇਸ਼ਭਰ ਵਿੱਚ ਅਧਿਆਪਕ ਦਿਵਸ ਮਨਾਇਆ ਜਾ ਰਿਹਾ ਏ। ਇਹ ਦਿਨ ਸਿੱਖਿਆ ਸ਼ਾਸਤਰੀ ਅਤੇ ਸਾਬਕਾ ਰਾਸ਼ਟਰਪਤੀ ਡਾਕਟਰ ਸਰਵਪੱਲੀ ਰਾਧਾਕ੍ਰਿਸ਼ਨਨ ਦੇ ਜਨਮ ਦਿਨ 'ਤੇ ਮਨਾਇਆ ਜਾਂਦਾ ਏ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅੱਜ ਨਵੀਂ ਦਿੱਲੀ ਦੇ ਵਿਗਿਆਨ ਭਵਨ ਵਿਖੇ 82 ਅਧਿਆਪਕਾਂ ਨੂੰ ਰਾਸ਼ਟਰੀ ਅਵਾਰਡ ਪ੍ਰਦਾਨ ਕਰਨਗੇ। ਆਕਾਸ਼ਵਾਣੀ ਦਿੱਲੀ ਤੋਂ ਸ਼ਾਮ 4 ਵਜ ਕੇ 10 ਮਿੰਟ ਤੋਂ ਇਸ ਸਮਾਗਮ ਦਾ ਸਿੱਧਾ ਪ੍ਰਸਾਰਣ ਕੀਤਾ ਜਾਏਗਾ। ਇਸਨੂੰ FM ਗੋਲਡ, ਇੰਦਰਪ੍ਰਸਥ ਅਤੇ ਆਕਾਸ਼ਵਾਣੀ ਲਾਈਵ ਨਿਊਜ਼ 24-7 'ਤੇ ਸੁਣਿਆ ਜਾ ਸਕਦਾ ਏ। ਇਹ

ਪ੍ਰੋਗਰਾਮ ਆਕਾਸ਼ਵਾਣੀ ਦੇ ਯੂਟਿਊਬ ਚੈਨਲ ਆਕਾਸ਼ਵਾਣੀ ਏਆਈਆਰ 'ਤੇ ਵੀ ਲਾਈਵ ਸਟ੍ਰੀਮ ਕੀਤਾ ਜਾਵੇਗਾ। ਹਰੇਕ ਅਵਾਰਡ ਵਿੱਚ ਮੈਰਿਟ ਦਾ ਸਰਟੀਫਿਕੇਟ, 50 ਹਜ਼ਾਰ ਰੁਪਏ ਦਾ ਨਕਦ ਇਨਾਮ ਅਤੇ ਇੱਕ ਚਾਂਦੀ ਦਾ ਤਮਗਾ ਦਿੱਤਾ ਜਾਂਦਾ ਏ।

---------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅਧਿਆਪਕ ਦਿਵਸ ਦੇ ਮੌਕੇ 'ਤੇ ਸ਼ੁਭਕਾਮਨਾਵਾਂ ਦਿੱਤੀਆਂ ਨੇ . ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ ਏ ਕਿ, ਇਹ ਉਨ੍ਹਾਂ ਸਾਰੇ ਅਧਿਆਪਕਾਂ ਦਾ ਧੰਨਵਾਦ ਕਰਨ ਦਾ ਇੱਕ ਮੌਕਾ ਏ ਜੋ ਨੌਜਵਾਨ ਮਨਾਂ ਨੂੰ ਨੁਹਾਰ ਦਿੰਦੇ ਨੇ . ਉਨ੍ਹਾਂ ਨੇ ਭਾਰਤ ਦੇ ਸਾਬਕਾ ਰਾਸ਼ਟਰਪਤੀ, ਡਾ: ਸਰਵਪੱਲੀ ਰਾਧਾਕ੍ਰਿਸ਼ਨਨ ਨੂੰ ਉਨ੍ਹਾਂ ਦੇ ਜਨਮ ਦਿਨ 'ਤੇ ਸ਼ਰਧਾਂਜਲੀ ਭੇਟ ਕੀਤੀ, ਜਿਸ ਨੂੰ ਅਧਿਆਪਕ ਦਿਵਸ ਵਜੋਂ ਮਨਾਇਆ ਜਾਂਦਾ ਏ।

---------------------------------------------------------------

ਪੰਜਾਬ ਸਰਕਾਰ ਵੱਲੋਂ ਅਧਿਆਪਕ ਦਿਵਸ 2024 ਮੌਕੇ ਸਨਮਾਨਤ ਕੀਤੇ ਜਾਣ ਵਾਲੇ 77 ਅਧਿਆਪਕਾਂ ਨੂੰ ਸਕੂਲ ਸਿੱਖਿਆ ਮੰਤਰੀ ਹਰਜੋਤ

ਸਿੰਘ ਬੈਂਸ ਨੇ ਵਧਾਈ ਦਿੱਤੀ ਏ । ਪੰਜਾਬ ਸਰਕਾਰ ਵੱਲੋਂ ਜਾਰੀ ਕੀਤੀ ਗਈ ਸੂਚੀ ਅਨੁਸਾਰ ਅਧਿਆਪਕ ਰਾਜ ਅਵਾਰਡ 55 ਅਧਿਆਪਕਾਂ ਨੂੰ ਦਿੱਤਾ ਜਾਵੇਗਾ ਜਦਕਿ ਯੰਗ ਟੀਚਰ ਐਵਾਰਡ 10 ਅਧਿਆਪਕਾਂ ਨੂੰ ਦਿੱਤਾ ਜਾਵੇਗਾ। ਇਸ ਤੋਂ ਇਲਾਵਾ 7 ਅਧਿਆਪਕਾਂ ਨੂੰ ਪ੍ਰਬੰਧਕੀ ਐਵਾਰਡ ਅਤੇ 05 ਅਧਿਆਪਕਾਂ ਵਿਸ਼ੇਸ਼ ਸਨਮਾਨ ਵੀ ਦਿੱਤਾ ਜਾਵੇਗਾ । ਪੰਜਾਬ ਰਾਜ ਦੇ ਸਕੂਲ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕੌਮੀ ਅਧਿਆਪਕ ਦਿਵਸ ਮੌਕੇ ਰਾਜ ਸਰਕਾਰ ਵੱਲੋਂ ਸਨਮਾਨ ਲਈ ਚੁਣੇ ਗਏ ਸਾਰੇ ਅਧਿਆਪਕ ਨੂੰ ਵਧਾਈ ਦਿੱਤੀ ਅਤੇ ਆਸ ਪ੍ਰਗਟਾਈ ਕਿ ਸਨਮਾਨ ਪ੍ਰਾਪਤ ਕਰਨ ਵਾਲੇ ਅਧਿਆਪਕਾਂ ਦੂਸਰੇ ਅਧਿਆਪਕਾਂ ਲਈ ਚਾਨਣ ਮੁਨਾਰਾ ਬਨਣਗੇ । ਸ੍ਰੀ ਬੈਂਸ ਨੇ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਅਧਿਆਪਕ ਦਿਵਸ ਸਬੰਧੀ ਰਾਜ ਪੱਧਰੀ ਸਮਾਗਮ ਹੁਸ਼ਿਆਰਪੁਰ ਵਿਖੇ ਕਰਵਾਇਆ ਜਾ ਰਿਹਾ ਏ ।

--------------------------------------------------------

ਖੇਤੀ ਨੀਤੀ ਸਮੇਤ 8 ਮੁੱਦਿਆਂ ਨੂੰ ਲੈ ਕੇ ਪਿਛਲੇ ਚਾਰ ਦਿਨਾਂ ਤੋਂ ਚੰਡੀਗੜ੍ਹ ਵਿੱਚ ਸੰਘਰਸ਼ ਕਰ ਰਹੇ ਕਿਸਾਨਾਂ ਦੀ ਅੱਜ ਵੀਰਵਾਰ ਨੂੰ

ਸੀਐਮ ਭਗਵੰਤ ਮਾਨ ਨਾਲ ਮੀਟਿੰਗ ਹੋਵੇਗੀ। ਮੀਟਿੰਗ ਦੁਪਹਿਰ ਬਾਅਦ 3 ਵਜੇ ਹੋਵੇਗੀ । ਮੀਟਿੰਗ ਤੋਂ ਬਾਅਦ ਕਿਸਾਨਾਂ ਵੱਲੋਂ ਅਗਲੀ ਰਣਨੀਤੀ ਤੈਅ ਕੀਤੀ ਜਾਵੇਗੀ। ਇਸ ਤੋਂ ਪਹਿਲਾਂ ਬੁੱਧਵਾਰ ਨੂੰ ਸਰਕਾਰੀ ਅਧਿਕਾਰੀਆਂ ਨੇ ਕਿਸਾਨਾਂ ਨਾਲ ਮੀਟਿੰਗ ਕੀਤੀ ਸੀ। ਕਿਸਾਨ ਆਗੂ ਜੋਗਿੰਦਰ ਸਿੰਘ ਉਗਰਾਹਾਂ ਦਾ ਕਹਿਣਾ ਏ ਕਿ ਸੰਘਰਸ਼ ਸਬੰਧੀ ਸਾਰੀ ਸਥਿਤੀ ਅੱਜ ਦੀ ਮੀਟਿੰਗ ਤੋਂ ਬਾਅਦ ਹੀ ਸਪੱਸ਼ਟ ਹੋਵੇਗੀ | ਪੰਜਾਬ ਦੇ ਇਹ ਕਿਸਾਨ ਭਾਰਤੀ ਕਿਸਾਨ ਯੂਨੀਅਨ (ਏਕਤਾ ਉਗਰਾਹਾਂ) ਅਤੇ ਖੇਤ ਮਜ਼ਦੂਰ ਯੂਨੀਅਨ ਦੇ ਝੰਡੇ ਹੇਠ ਇੱਕਜੁੱਟ ਹੋਏ ਨੇ . ਕਿਸਾਨ ਮਾਨਸੂਨ ਸੈਸ਼ਨ ਸ਼ੁਰੂ ਹੋਣ ਤੋਂ ਪਹਿਲਾਂ ਹੀ ਚੰਡੀਗੜ੍ਹ ਪਹੁੰਚ ਗਏ ਸਨ। ਕਰੀਬ ਪੰਦਰਾਂ ਸਾਲਾਂ ਬਾਅਦ ਚੰਡੀਗੜ੍ਹ ਪ੍ਰਸ਼ਾਸਨ ਨੇ ਉਨ੍ਹਾਂ ਨੂੰ ਚੰਡੀਗੜ੍ਹ ਵਿਚ ਮੋਰਚਾ ਲਾਉਣ ਦੀ ਇਜਾਜ਼ਤ ਦੇ ਦਿੱਤੀ ਸੀ।

-----------------------------------------------------

ਭਾਰਤੀ ਜਨਤਾ ਪਾਰਟੀ (ਭਾਜਪਾ) ਪੰਜਾਬ ਮਹਿਲਾ ਮੋਰਚਾ ਦੀ ਪ੍ਰਧਾਨ ਜੈ ਇੰਦਰ ਕੌਰ ਨੇ ਹੁਣ ਫੂਲ ਥੀਏਟਰ ਤੋਂ ਪਟਿਆਲਾ ਸ਼ਹਿਰੀ ਦੀ ਮੈਂਬਰਸ਼ਿਪ ਮੁਹਿੰਮ ਦੀ ਸ਼ੁਰੂਆਤ ਕੀਤੀ। ਇਸ ਸਮਾਗਮ ਵਿੱਚ

ਪਟਿਆਲਾ ਤੋਂ 500 ਤੋਂ ਵੱਧ ਉਤਸ਼ਾਹੀ ਵਰਕਰਾਂ ਨੇ ਭਾਗ ਲਿਆ, ਜਿਨ੍ਹਾਂ ਨੇ ਪਾਰਟੀ ਦੇ ਮਿਸ਼ਨ ਨੂੰ ਆਪਣਾ ਹਿਮਾਇਤ  ਦੇਣ ਦਾ ਵਾਅਦਾ ਕੀਤਾ। ਭਾਜਪਾ ਪੰਜਾਬ ਦੇ ਜਨਰਲ ਸਕੱਤਰ ਅਨਿਲ ਸਰੀਨ ਅਤੇ ਪਟਿਆਲਾ ਸ਼ਹਿਰੀ ਦੇ ਪ੍ਰਧਾਨ ਸੰਜੀਵ ਸ਼ਰਮਾ ਬਿੱਟੂ ਦੇ ਨਾਲ ਜੈ ਇੰਦਰ ਕੌਰ ਨੇ ਪਾਰਟੀ ਦੀ ਜ਼ਮੀਨੀ ਪੱਧਰ 'ਤੇ ਮੌਜੂਦਗੀ ਨੂੰ ਮਜ਼ਬੂਤ ਕਰਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਏ।